ਦਫਤਰ - ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ. ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

**E-mail Id :** pwdmohali@gmail.com, **Tel.. 0172-2226328**

ਵੱਲ

The Principal,
Paragon Senior Secondary School,
Sector 69, Mohali.

ਨੰ 9600 ਮਿਤੀ 30-9-2021

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ : ਆਪ ਦੇ ਸਕੂਲ ਦਾ ਪੱਤਰ ਨੰ PSSS/69/406 ਮਿਤੀ 29.09.2021

ਉਪਰੋਕਤ ਵਿਸੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵਲੋਂ ਇੰਸਪੈਕਸ਼ਨ ਫੀਸ ਬਾਬਤ ਰਕਮ 10,000/- ਰੁਪਏ ਜੀ. ਆਰ. ਨੰ 3903177 ਮਿਤੀ 29.09.2021 ਰਾਹੀਂ ਜਮਾਂ ਕਰਵਾ ਦਿੱਤੀ ਗਈ ਹੈ। ਇਸ ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਮਿਤੀ 31.03.2022 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ, ਫਾਇਰ ਸੇਫਟੀ ਸਰਟੀਫਿਕੇਟ ਮਿਤੀ 14.10.2021 ਤੋਂ ਮਿਤੀ 31.03.2022 ਤੱਕ ਇਸ ਦਫਤਰ ਵਿੱਚ ਜਮ੍ਹਾ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸਰਟੀਫਿਕੇਟ ਜਮਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 31.10.2021 ਤੱਕ ਹੀ ਸਮਝਿਆ ਜਾਵੇਗਾ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

1 ਜੇਕਰ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇਗਾ।

2 ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ।

3 ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ, ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਇਸ ਬਿਲਡਿੰਗ ਵਿੱਚ ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਸਿਖਲਾਈ ਪ੍ਰਾਪਤ (Trained) ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ 420 ਮਿਤੀ 29.09.2021 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।